# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਤਰਨ ਤਾਰਨ

065

ਪੱਤਰ ਨੰ:SSA/2013/RTE-65 ਮਿਤੀ; 31-01-2013

ਵੱਲ:

ਮੈਨੇਜਰ ,
ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ,
ਮਰਹਾਣਾ,
ਬਲਾਕ ਚੋਹਲਾ ਸਾਹਿਬ,(ਤਰਨ ਤਾਰਨ)।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ,2010 ਦੇ ਨਿਯਮ 15 ਦੇ ਉੱਪ ਨਿਯਮ (4) ਅਧੀਨ, ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪਜੀ ਦੀ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਮਰਹਾਣਾ ਬਲਾਕ ਚੋਹਲਾ ਸਾਹਿਬ ਨੂੰ ਜਮਾਤ ਪਹਿਲੀ ਤੋਂ ਜਮਾਤ ਅੱਠਵੀਂ ਤੱਕ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ ਦੇ ਉੱਪ-ਨਿਯਮ (4) ਅਧੀਨ,ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਤਹਿਤ ਮਾਨਤਾ ਦਿੱਤੀ ਜਾਂਦੀ ਹੈ:-

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।
4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ ਸਕੂਲ ਕੋਈ ਕੰਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪਲੱਸ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

ੳ. ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।

ਅ. ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।

ੲ. ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।

ਸ. ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

ਹ. ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸਮੂਲੀਅਤ;

ਕ. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ, ਪ੍ਰੰਤੂ ਸ਼ਰਤ ਇਹ ਹੈ ਕਿ ਮੌਜੂਦਾ

ਅਧਿਆਪਕ ਜੋ ਇਸ ਐਕਟ ਦੇ ਲਾਗੂ ਹੋਣ ਸਮੇਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਨਹੀਂ ਕਰਦੇ,ਉਹ 5 ਸਾਲ ਦੇ ਅੰਦਰ ਅੰਦਰ ਘੱਟੋ-ਘੱਟ ਵਿਦਿਅਕ ਯੋਗਤਾ ਪ੍ਰਾਪਤ ਕਰਨਗੇ।

ਖ. ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ।

ਗ. ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀਂ ਰੱਖਣਗੇ।

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ। ਪਿਛਲੀ ਪੜਤਾਲ ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ:-

1. ਸਕੂਲ ਦੀ ਇਮਾਰਤ ਦਾ ਪਟਾਨਾਮਾ/ਕਿਰਾਇਆਨਾਮਾ ਹੋਇਆ ਹੈ।
2. ਸਕੂਲ ਕੈਂਪਸ ਦਾ ਛੱਤਿਆ ਖੇਤਰਫਲ 16680 ਵਰਗ ਫੁੱਟ ਅਤੇ ਅਣਛੱਤਿਆ 115328 ਵਰਗ ਫੁੱਟ ਹੈ।
3. ਸਕੂਲ ਵਿੱਚ ਪੰਜਾਬੀ ਭਾਸ਼ਾ ਦੀ ਵਰਤੋਂ ਕੀਤੀ ਜਾਂਦੀ ਹੈ।
4. ਸਕੂਲ ਸੁਸਾਇਟੀ ਐਕਟ ਅਨੁਸਾਰ ਰਜਿਸਟਰੇਸ਼ਨ ਨੰ: ਟੀ.ਟੀ./2100 ਦੇ ਅਨੁਸਾਰ ਰਜਿਸਟਰਡ ਹੈ।
5. ਸਕੂਲ ਦੀ ਆਪਣੀ ਇਮਾਰਤ ਹੈ।
6. ਸਕੂਲ ਵਿੱਚ 8 ਜਮਾਤਾਂ ਦੇ 13 ਕਮਰੇ ਅਤੇ 3 ਹੋਰ ਕਮਰੇ ਹਨ।
7. ਸਕੂਲ ਦੀ ਇਮਾਰਤ ਹਵਾਦਾਰ ਹੈ।
8. ਸਕੂਲ ਵਿੱਚ ਬੱਚਿਆਂ ਦੀ ਗਿਣਤੀ ਅਨੁਸਾਰ ਲੋੜੀਂਦਾ ਟਰੇਂਡ ਸਟਾਫ ਮੌਜੂਦ ਹੈ।
9. ਸਕੂਲ ਵਿੱਚ ਬਲੈਕ ਬੋਰਡ ਨਿਰਧਾਰਤ ਸਾਈਜ਼ ਦੇ ਹਨ।
10. ਸਕੂਲ ਵਿੱਚ ਟੀ.ਐਲ.ਐਮ. ਦੀ ਵਰਤੋਂ ਕੀਤੀ ਜਾਂਦੀ ਹੈ।
11. ਸਕੂਲ ਵਿੱਚ ਲੋੜ ਅਨੁਸਾਰ ਫਰਨੀਚਰ ਦਾ ਪ੍ਰਬੰਧ ਹੈ।
12. ਸਕੂਲ ਵਿੱਚ ਬਿਜਲੀ ਦਾ ਪ੍ਰਬੰਧ ਹੈ।
13. ਸਕੂਲ ਵਿੱਚ ਲੜਕਿਆਂ ਲਈ 10 ਪਾਖਾਨੇ ਅਤੇ ਲੜਕੀਆਂ ਲਈ 10 ਪਖਾਨੇ ਹਨ।
14. ਮੁੱਖ ਅਧਿਆਪਕ ਦਾ ਕਮਰਾ ਮੌਜੂਦ ਹੈ।
15. ਸਕੂਲ ਦੀ ਚਾਰਦੀਵਾਰੀ ਮੌਜੂਦ ਹੈ।
16. ਸਕੂਲ ਵਿੱਚ ਪੀਣ ਵਾਲੇ ਪਾਣੀ ਦਾ ਪ੍ਰਬੰਧ ਹੈ।
17. ਸਕੂਲ ਨੂੰ ਫਾਇਰ ਸੇਫਟੀ ਸਰਟੀਫਿਕੇਟ ਮਿਲਿਆ ਹੋਇਆ ਹੈ।
18. ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਲਿਆ ਹੋਇਆ ਹੈ।
19. ਸਕੂਲ ਕੋਲ ਚਾਰਟਡ ਅਕਾਊਟੈਂਟ ਦੀ ਰਿਪੋਰਟ ਹੈ।
20. ਸਕੂਲ ਵਿੱਚ ਅਧਿਆਪਕ ਹਾਜ਼ਰੀ ਰਜਿਸਟਰ, ਤਨਖਾਹ ਦਾ ਰਜਿਸਟਰ , ਕੈਸ਼ ਬੁੱਕ, ਬੱਚਿਆਂ ਦਾ ਫੀਸ ਰਜਿਸਟਰ, ਬੱਚਿਆਂ ਦਾ ਦਾਖਲਾ ਖਾਰਜਾ ਰਜਿਸਟਰ, ਬੱਚਿਆਂ ਦਾ ਹਾਜ਼ਰੀ ਰਜਿਸਟਰ ਮੌਜੂਦ ਹੈ।
21. ਸਕੂਲ ਵਿੱਚ ਲਾਇਬਰੇਰੀ ਹੈ ਜਿਸ ਵਿੱਚ 2000 ਕਿਤਾਬਾਂ ਹਨ।
22. ਸਕੂਲ ਦੇ ਬੱਚਿਆਂ ਦੇ ਖੇਡਣ ਲਈ ਖੇਡ ਦਾ ਮੈਦਾਨ ਅਤੇ ਖੇਡਣ ਦਾ ਸਮਾਨ ਹੈ।
23. ਸਾਇੰਸ ਲਬਾਰਟਰੀ ਮੌਜੂਦ ਹੈ।

9. ਸਕੂਲ ਦੇ ਇਸੇ ਨਾਮ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸ਼ਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਕਿਸੇ ਨਿੱਜੀ , ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।

13. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤੇ ਜਾਣੇ ਚਾਹੀਦੇ ਹਨ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ।ਹਰ ਲੇਖਾ ਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ ਨੂੰ ਭੇਜੀ ਜਾਵੇਗੀ।

14. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈ./ਟੀ.ਟੀ. 065 ਹੈ।ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

15. ਸਕੂਲ ਜਿਲ੍ਹਾ ਸਿੱਖਿਆ ਅਧਿਕਾਰ ਦੁਆਰਾ ਸਮੇਂ ਸਮੇਂ ਤੇ ਮੰਗੀ ਗਈ ਸੂਚਨਾਂ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

16. ਸੰਸਥਾਂ ਦੀ ਰਜਿਸਟਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

ਜ਼ਿਲ੍ਹਾ ਸਿੱਖਿਆ ਅਧਿਕਾਰੀ ,
ਤਰਨ ਤਾਰਨ।